# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 18-08-202**

ਮਹਾਰਾਸ਼ਟਰ ਦੇ ਰਾਜਪਾਲ C P Radhakrishnan ਆਉਣ ਵਾਲੀ ਉਪ-ਰਾਸ਼ਟਰਪਤੀ ਚੋਣ ਲਈ NDA ਦੇ ਉਮੀਦਵਾਰ ਹੋਣਗੇ। ਭਾਜਪਾ ਦੇ ਰਾਸ਼ਟਰੀ ਪ੍ਰਧਾਨ ਅਤੇ ਕੇਂਦਰੀ ਮੰਤਰੀ ਜੇਪੀ ਨੱਡਾ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਪਾਰਟੀ ਸਦਰਮੁਕਾਮ ਵਿਖੇ ਭਾਜਪਾ ਸੰਸਦੀ ਬੋਰਡ ਦੀ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਇਹ ਐਲਾਨ ਕੀਤਾ। ਸ਼੍ਰੀ ਨੱਡਾ ਨੇ ਕਿਹਾ ਕਿ ਸਾਰੇ NDA ਸਹਿਯੋਗੀਆਂ ਨੇ ਇਸ ਫੈਸਲੇ ਦੀ ਹਮਾਇਤ ਕੀਤੀ ਏ। ਉਨ੍ਹਾਂ ਕਿਹਾ ਕਿ ਭਾਜਪਾ ਦਾ ਉਦੇਸ਼ ਸਾਰੀਆਂ ਪਾਰਟੀਆਂ ਨਾਲ ਤਾਲਮੇਲ ਬਣਾਉਣਾ ਏ ਤਾਂ ਜੋ ਉਪ-ਰਾਸ਼ਟਰਪਤੀ ਦੀ ਚੋਣ ਸਰਬਸੰਮਤੀ ਨਾਲ ਕਰਵਾਈ ਜਾ ਸਕੇ। ਸ਼੍ਰੀ ਰਾਧਾਕ੍ਰਿਸ਼ਨਨ ਝਾਰਖੰਡ, ਤੇਲੰਗਾਨਾ, ਪੁੱਡੂਚੇਰੀ ਅਤੇ ਮਹਾਰਾਸ਼ਟਰ ਦੇ ਰਾਜਪਾਲ ਵਜੋਂ ਵੀ ਸੇਵਾਵਾਂ ਨਿਭਾਅ ਚੁੱਕੇ ਨੇ। ਝਾਰਖੰਡ ਵਿੱਚ, ਉਨ੍ਹਾਂ ਨੇ ਸਿਰਫ਼ ਚਾਰ ਮਹੀਨਿਆਂ ਦੇ ਅੰਦਰ ਸਾਰੇ 24 ਜ਼ਿਲ੍ਹਿਆਂ ਦੀ ਯਾਤਰਾ ਕੀਤੀ ਤੇ ਜ਼ਮੀਨੀ ਪੱਧਰ 'ਤੇ ਸ਼ਾਸਨ ਨੂੰ ਮਜ਼ਬੂਤ ਕਰਨ ਲਈ ਨਾਗਰਿਕਾਂ ਅਤੇ ਅਧਿਕਾਰੀਆਂ ਨਾਲ ਸਿੱਧੇ ਤੌਰ 'ਤੇ ਜੁੜੇ। ਤਾਮਿਲਨਾਡੂ ਦੇ ਤਿਰੂਪੁਰ

ਵਿੱਚ ਜਨਮੇ, ਸ੍ਰੀ ਰਾਧਾਕ੍ਰਿਸ਼ਨਨ ਦੱਖਣੀ ਭਾਰਤ ਤੋਂ ਉਪ- ਰਾਸ਼ਟਰਪਤੀ ਦੇ ਅਹੁਦੇ ਲਈ ਨਾਮਜ਼ਦ ਪਹਿਲੇ OBC ਨੇਤਾ ਨੇ। ਉਪ ਰਾਸ਼ਟਰਪਤੀ ਦੀ ਚੋਣ ਅਗਲੇ ਮਹੀਨੇ ਦੀ 9 ਤਰੀਕ ਨੂੰ ਹੋਵੇਗੀ। ਇਸ ਦੌਰਾਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਫੈਸਲੇ ਦਾ ਸਵਾਗਤ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਏ ਕਿ ਜਨਤਕ ਜੀਵਨ ਵਿੱਚ ਆਪਣੇ ਲੰਮੇ ਸਾਲਾਂ ਵਿੱਚ, ਸ੍ਰੀ ਰਾਧਾਕ੍ਰਿਸ਼ਨਨ ਨੇ ਆਪਣੀ ਸਮਰਪਣ, ਨਿਮਰਤਾ ਅਤੇ ਬੁੱਧੀਮਤਾ ਰਾਹੀਂ ਆਪਣੀ ਵੱਖਰੀ ਪਛਾਣ ਬਣਾਈ ਏ । ਪ੍ਰਧਾਨ ਮੰਤਰੀ ਨੇ ਅੱਗੇ ਵਿਸ਼ਵਾਸ ਪ੍ਰਗਟ ਕੀਤਾ ਕਿ ਸ੍ਰੀ ਰਾਧਾਕ੍ਰਿਸ਼ਨਨ ਇੱਕ ਪ੍ਰੇਰਨਾਦਾਇਕ ਉਪ-ਰਾਸ਼ਟਰਪਤੀ ਹੋਣਗੇ।

------------------------------------------------------------

ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਮੌਜੂਦਾ ਹੜ੍ਹ ਵਰਗੇ ਹਾਲਾਤ ਨੂੰ ਧਿਆਨ ਵਿੱਚ ਰੱਖਦੇ ਹੋਏ, ਸੂਬਾ ਸਰਕਾਰ ਨੇ ਇੱਕ ਵਿਆਪਕ ਸਿਹਤ ਅਤੇ ਐਮਰਜੈਂਸੀ ਪ੍ਰਤੀਕਿਰਿਆ ਨੈੱਟਵਰਕ ਤਿਆਰ ਕੀਤਾ ਏ । ਸੂਬੇ ਵਿੱਚ ਰਾਵੀ ਅਤੇ ਬਿਆਸ ਦਰਿਆਵਾਂ ਦੇ ਪਾਣੀ ਦੇ ਪੱਧਰ ਵਿੱਚ ਵਾਧੇ ਨੇ ਆਰਪੁਰ, ਕਪੂਰਥਲਾ, ਗੁਰਦਾਸਪੁਰ, ਪਠਾਨਕੋਟ, ਫਾਜ਼ਿਲਕਾ ਅਤੇ ਫਿਰੋਜ਼ਪੁਰ ਜ਼ਿਲ੍ਹਿਆਂ ਦੇ ਕੁਝ ਖੇਤਰਾਂ ਨੂੰ ਪ੍ਰਭਾਵਿਤ ਕੀਤਾ ਏ , ਜਿਸ ਕਾਰਨ ਪਿੰਡ ਵਾਸੀਆਂ ਨੂੰ ਸਬੰਧਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਣਾਏ ਗਏ

ਆਸਰਾ ਘਰਾਂ ਵਿੱਚ ਜਾਣ ਲਈ ਮਜਬੂਰ ਹੋਣਾ ਪਿਆ ਏ । ਉਧਰ ਫਾਜ਼ਿਲਕਾ ਦੇ ਕਈ ਸਰਹੱਦੀ ਪਿੰਡਾਂ ਚ ਸਤਲੁਜ ਦਰਿਆ ਦੇ ਪਾਣੀ ਦਾ ਪੱਧਰ ਵਧਣ ਨਾਲ ਖੇਤਾਂ ਚ ਪਾਣੀ ਭਰ ਗਿਆ ਏ ਜਿਸ ਕਾਰਨ ਕਿਸਾਨਾਂ ਦੀ ਸੈਂਕੜੇ ਏਕੜ ਫਸਲ ਖਰਾਬ ਹੋ ਗਈ ਏ। ਫਿਲਹਾਲ ਹਾਲਾਤ ਖ਼ਤਰੇ ਤੋਂ ਬਾਹਰ ਨੇ। ਜ਼ਿਲ੍ਹਿਆਂ ਵਿੱਚ 2 ਹਜ਼ਾਰ ਤੋਂ ਵੱਧ ਹਸਪਤਾਲ ਬੈੱਡ ਤਿਆਰ ਰੱਖੇ ਜਾਣ ਦੇ ਨਾਲ, ਸੂਬੇ ਨੇ ਕਿਸੇ ਵੀ ਸੰਭਾਵੀ ਮਹਾਮਾਰੀ ਨਾਲ ਨਜਿੱਠਣ ਲਈ ਮਜ਼ਬੂਤ ਪ੍ਰਬੰਧ ਕੀਤਾ ਏ ।

**ਵੇਰਵੇ ਨਾਲ ਇਕ ਰਿਪੋਰਟ** :

*ਕਪੂਰਥਲਾ ਅਤੇ ਹੁਸ਼ਿਆਰਪੁਰ ਵਿੱਚ ਪਹਿਲਾਂ ਹੀ ਸਿਹਤ ਕੈਂਪ ਲਗਾਏ ਜਾ ਚੁੱਕੇ ਨੇ , ਜਿੱਥੇ 240 ਤੋਂ ਵੱਧ ਮਰੀਜ਼ਾਂ ਦਾ ਦਸਤ, ਪੇਟ ਦਰਦ , ਬੁਖਾਰ, ਚਮੜੀ ਦੀ ਐਲਰਜੀ ਅਤੇ ਅੱਖਾਂ ਦੀ ਲਾਗ ਵਰਗੀਆਂ ਬਿਮਾਰੀਆਂ ਦਾ ਇਲਾਜ ਕੀਤਾ ਗਿਆ ਏ । ਇਸ ਦੌਰਾਨ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਏ ਕਿ ਪ੍ਰਭਾਵਿਤ ਖੇਤਰਾਂ ਵਿੱਚ ਸਮੇਂ ਸਿਰ ਡਾਕਟਰੀ ਸਹਾਇਤਾ ਯਕੀਨੀ ਬਣਾਉਣ ਲਈ 438 ਰੈਪਿਡ ਰਿਸਪਾਂਸ ਟੀਮਾਂ (RRTs), 323 ਮੋਬਾਈਲ ਮੈਡੀਕਲ ਟੀਮਾਂ ਅਤੇ 172 ਐਂਬੂਲੈਂਸਾਂ ਨੂੰ ਲਾਮਬੰਦ ਕੀਤਾ ਗਿਆ ਏ । ਹਾਲਾਂਕਿ, ਉਨ੍ਹਾਂ ਨੇ ਲੋਕਾਂ ਨੂੰ ਚੌਕਸ ਰਹਿਣ ਅਤੇ ਕਿਸੇ*

*ਵੀ ਸਿਹਤ ਸਮੱਸਿਆ ਦੀ ਰਿਪੋਰਟ ਕਰਨ ਅਤੇ ਸਹਾਇਤਾ ਲੈਣ ਲਈ ਸਰਕਾਰ ਦੇ 104 ਟੋਲ ਫ੍ਰੀ ਹੈਲਪ-ਲਾਈਨ ਨੰਬਰ 'ਤੇ ਸੰਪਰਕ ਕਰਨ ਲਈ ਕਿਹਾ ਏ ।*

***ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਰਾਜੇਸ਼ ਬਾਲੀ***

---------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ੍ਰੀ ਚਮਕੌਰ ਸਾਹਿਬ ਵਿਖੇ 50 ਬਿਸਤਰਿਆਂ ਦੇ ਇੱਕ ਸਭ ਡਵੀਜ਼ਨਲ ਹਸਪਤਾਲ ਦਾ ਉਦਘਾਟਨ ਕੀਤਾ। ਉਦਘਾਟਨ ਉਪਰੰਤ ਉਹਨਾਂ ਨੇ ਹਸਪਤਾਲ ਵਿੱਚ ਜੇਰੇ ਇਲਾਜ ਮਰੀਜ਼ਾਂ ਨਾਲ ਮਿਲ ਕੇ ਉਹਨਾਂ ਦਾ ਹਾਲ-ਚਾਲ ਪੁੱਛਿਆ ਅਤੇ ਡਾਕਟਰਾਂ ਤੋਂ ਵੀ ਹਸਪਤਾਲ ਵਿੱਚ ਉਪਲਬਧ ਡਾਕਟਰੀ ਸਾਜੋ-ਸਾਮਾਨ ਬਾਰੇ ਜਾਣਕਾਰੀ ਹਾਸਿਲ ਕੀਤੀ। ਇਸ ਮੌਕੇ ਉਨਾਂ ਨਾਲ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਵੀ ਮੌਜੂਦ ਰਹੇ

---------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਜਲੰਧਰ ਵਿਖੇ ਬਰਲਟਨ ਪਾਰਕ ਦਾ ਦੌਰਾ ਕਰ ਕੇ ਇਥੇ ਬਣਨ ਵਾਲੇ ਸਪੋਰਟਸ ਹੱਬ ਪ੍ਰਾਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਸਪੋਰਟਸ ਹੱਬ ਨੂੰ ਇੱਕ ਮਿਸਾਲੀ ਪਹਿਲਕਦਮੀ ਦੱਸਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ

ਇਸ ਪ੍ਰਾਜੈਕਟ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਦੀ ਊਰਜਾ ਨੂੰ ਖੇਡਾਂ ਦੇ ਖੇਤਰ ਵਿੱਚ ਲਾਉਣਾ ਏ। ਉਨ੍ਹਾਂ ਇਸ ਗੱਲ ਜ਼ੋਰ ਦਿੱਤਾ ਕਿ ਇਹ ਪ੍ਰਾਜੈਕਟ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਨਸ਼ਿਆਂ ਨੂੰ ਖਤਮ ਕਰਨ ਦੇ ਸਰਕਾਰ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰੇਗਾ । ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਦੀ ਅਮੀਰ ਖੇਡ ਵਿਰਾਸਤ ਦਾ ਜ਼ਿਕਰ ਕਰਦਿਆਂ ਇਸ ਪਹਿਲਕਦਮੀ ਨੂੰ ਪੂਰੇ ਦੋਆਬਾ ਖੇਤਰ ਲਈ ਮੀਲ ਪੱਥਰ ਕਰਾਰ ਦਿੱਤਾ। ਰਾਜ ਸਭਾ ਮੈਂਬਰ ਹਰਭਜਨ ਸਿੰਘ ਨੇ ਬਰਲਟਨ ਪਾਰਕ ਨੂੰ ਦੇਸ਼ ਦੇ ਕਈ ਪ੍ਰਸਿੱਧ ਕ੍ਰਿਕਟਰਾਂ ਦੀ ਨਰਸਰੀ ਕਰਾਰ ਦਿੱਤਾ।

---------------------------------------------------------

ਪੰਜਾਬ ਸਰਕਾਰ ਨੇ ਉਦਯੋਗ ਕ੍ਰਾਂਤੀ ਦ੍ਰਿਸ਼ਟੀਕੋਣ ਤਹਿਤ " ਰਾਈਜ਼ਿੰਗ ਪੰਜਾਬ - ਸਜੈਸ਼ਨਜ਼ ਟੂ ਸੋਲੂਸ਼ਨਜ਼ '' ਥੀਮ ਵਾਲੇ ਸਮਾਗਮਾਂ ਦੀ ਇੱਕ ਵਿਸ਼ੇਸ਼ ਲੜੀ ਦਾ ਐਲਾਨ ਕੀਤਾ ਏ। ਇਸ ਪਹਿਲਕਦਮੀ ਦੀ ਅਗਵਾਈ ਸੂਬੇ ਦੇ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਕਰ ਰਹੇ ਨੇ। ਇਹ ਸਮਾਗਮ ਰਾਜ ਦੀਆਂ ਨਵੀਆਂ ਉਦਯੋਗ-ਅਨੁਕੂਲ ਨੀਤੀਆਂ ਬਾਰੇ ਜਾਗਰੂਕਤਾ ਫੈਲਾਉਣ ਤੇ ਸਰਕਾਰ ਅਤੇ ਉਦਯੋਗ ਜਗਤ ਦੇ ਆਗੂਆਂ ਵਿਚਕਾਰ ਗੱਲਬਾਤ ਲਈ ਸਿੱਧਾ ਮੰਚ ਪ੍ਰਦਾਨ ਕਰਨ ਲਈ ਤਿਆਰ

ਕੀਤੇ ਗਏ ਨੇ। ਵਧੇਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ "ਰਾਈਜਿੰਗ ਪੰਜਾਬ ਸਿਰਫ ਨੀਤੀਆਂ ਬਾਰੇ ਨਹੀਂ ਏ - ਇਹ ਸਾਡੇ ਉਦਯੋਗਾਂ ਦੀ ਆਵਾਜ ਬਣਨ, ਉਨਾਂ ਦੀਆਂ ਜ਼ਰੂਰਤਾਂ ਨੂੰ ਸੁਣਨ ਅਤੇ ਜ਼ਮੀਨੀ ਪੱਧਰ ਤੇ ਉਹਨਾਂ ਦੇ ਅਸਲ ਹੱਲ ਲੱਭਣ ਬਾਰੇ ਏ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਪੰਜਾਬ ਨੂੰ ਨਿਵੇਸ਼ਕਾਂ ਅਤੇ ਉੱਦਮੀਆਂ ਲਈ ਮੌਕਿਆਂ ਦਾ ਕੇਂਦਰ ਬਣਾਉਣਾ ਏ।

------------------------------------------------------

ਪੰਜਾਬ ਸਰਕਾਰ ਨੇ ਪ੍ਰਾਪਰਟੀ ਟੈਕਸ ਡਿਫਾਲਟਰਾਂ ਲਈ ਵਨ ਟਾਈਮ ਸੈਟਲਮੈਂਟ ਸਕੀਮ ,ਓ.ਟੀ.ਐਸ ਦੀ ਤਾਰੀਖ 31 ਅਗਸਤ ਤੱਕ ਵਧਾ ਦਿੱਤੀ ਏ। ਇਸ ਸਕੀਮ ਤਹਿਤ ਸਰਕਾਰ ਵੱਲੋਂ ਘੱਟ ਜੁਰਮਾਨੇ ਦੇ ਨਾਲ ਬਕਾਇਆ ਟੈਕਸ ਅਦਾ ਕਰਨ ਮੌਕਾ ਦਿੱਤਾ ਗਿਆ ਏ। ਇਸ ਸਬੰਧੀ ਸੂਬੇ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਵਨ ਟਾਈਮ ਸੈਟਲਮੈਂਟ ਸਕੀਮ, ਜੋ ਕਿ ਪਹਿਲਾਂ 15 ਅਗਸਤ ਤੱਕ ਲਾਗੂ ਸੀ, ਨੂੰ 31 ਅਗਸਤ ਤੱਕ ਵਧਾ ਦਿੱਤਾ ਏ। ਉਨ੍ਹਾਂ ਕਿਹਾ ਕਿ ਜਾਇਦਾਦ ਮਾਲਕਾਂ ਲਈ ਹੁਣ 31 ਅਗਸਤ ਤੱਕ ਬਕਾਇਆ ਪ੍ਰਾਪਰਟੀ ਟੈਕਸ ਜਮ੍ਹਾਂ ਕਰਾਉਣ 'ਤੇ ਵਿਆਜ ਪੈਨਲਟੀ ਮੁਆਫ਼ ਹੋਵੇਗੀ।